ਮਹਲਾ ੧ ਬਸੰਤੁ ॥ ਰੁਤਿ ਆਈਲੇ ਸਰਸ ਬਸੰਤ ਮਾਹਿ ॥ ਰੰਗਿ ਰਾਤੇ ਰਵਹਿ ਸਿ ਤੇਰੈ ਚਾਇ ॥ ਕਿਸੁ ਪੂਜ ਚੜਾਵਉ ਲਗਉ ਪਾਇ ॥੧॥ ਤੇਰਾ ਦਾਸਨਿ ਦਾਸਾ ਕਹਉ ਰਾਇ ॥ ਜਗਜੀਵਨ ਜੁਗਤਿ ਨ ਮਿਲੈ ਕਾਇ ॥੧॥ ਰਹਾਉ ॥ ਤੇਰੀ ਮੂਰਤਿ ਏਕਾ ਬਹੁਤੁ ਰੂਪ ॥ ਕਿਸੁ ਪੂਜ ਚੜਾਵਉ ਦੇਉ ਧੂਪ ॥ ਤੇਰਾ ਅੰਤੁ ਨ ਪਾਇਆ ਕਹਾ ਪਾਇ ॥ ਤੇਰਾ ਦਾਸਨਿ ਦਾਸਾ ਕਹਉ ਰਾਇ ॥੨॥ ਤੇਰੇ ਸਠਿ ਸੰਬਤ ਸਭਿ ਤੀਰਥਾ ॥ ਤੇਰਾ ਸਚੁ ਨਾਮੁ ਪਰਮੇਸਰਾ ॥ ਤੇਰੀ ਗਤਿ ਅਵਿਗਤਿ ਨਹੀ ਜਾਣੀਐ ॥ ਅਣਜਾਣਤ ਨਾਮੁ ਵਖਾਣੀਐ ॥੩॥ ਨਾਨਕੁ ਵੇਚਾਰਾ ਕਿਆ ਕਹੈ ॥ ਸਭੁ ਲੋਕੁ ਸਲਾਹੇ ਏਕਸੈ ॥ ਸਿਰੁ ਨਾਨਕ ਲੋਕਾ ਪਾਵ ਹੈ ॥ ਬਲਿਹਾਰੀ ਜਾਉ ਜੇਤੇ ਤੇਰੇ ਨਾਵ ਹੈ ॥੪॥੨॥ {ਪੰਨਾ 1168}

ਪਦਅਰਥ:- ਰੁਤਿ—ਸੁਹਾਵਣੀ ਰੁੱਤ। ਆਈਲੇ—ਆਈ ਹੈ। ਸਰਸ—ਰਸ ਸਹਿਤ, ਖ਼ੁਸ਼। ਮਾਹਿ—ਵਿਚ। ਰੰਗਿ—ਤੇਰੇ ਰੰਗਿ, ਹੇ ਪ੍ਰਭੂ! ਤੇਰੇ ਪ੍ਰੇਮ ਵਿਚ। ਰਾਤੇ—ਰੰਗੇ ਹੋਏ। ਰਵਹਿ—ਜੋ ਬੰਦੇ ਸਿਮਰਦੇ ਹਨ। ਸਿ—ਉਹ ਬੰਦੇ। ਚਾਇ—ਚਾ ਵਿਚ। ਤੇਰੈ ਚਾਇ—ਤੇਰੇ ਮਿਲਾਪ ਦੀ ਖ਼ੁਸ਼ੀ ਵਿਚ। ਚੜਾਵਉ—ਮੈਂ ਚੜ੍ਹਾਵਾਂ। ਲਗਉ—ਮੈਂ ਲੱਗਾਂ। ਪਾਇ—ਪੈਰੀਂ।1।

ਦਾਸਨਿ ਦਾਸਾ—ਦਾਸਾਂ ਦਾ ਦਾਸ ਹੋ ਕੇ। ਕਹਉ—ਮੈਂ ਆਖਦਾ ਹਾਂ, ਸਿਮਰਦਾ ਹਾਂ। ਕਾਇ—ਕਿਸੇ ਹੋਰ ਥਾਂ ਤੋਂ।1। ਰਹਾਉ।

ਮੂਰਤਿ—ਹਸਤੀ। ਦੇਉ—ਮੈਂ ਦਿਆਂ। ਕਹਾ ਪਾਇ—ਕਿਥੋਂ ਪਾਇਆ ਜਾ ਸਕਦਾ ਹੈ?।2।

ਸਠਿ ਸੰਬਤਿ—ਸੱਠ ਸਾਲ {ਬ੍ਰਹਮਾ ਵਿਸ਼ਨੂੰ ਸ਼ਿਵ ਦੀਆਂ 3 ਬੀਸੀਆਂ। ਇਹਨਾਂ ਦਾ ਵੀਹ ਵੀਹ ਸਾਲ ਦਾ ਪ੍ਰਭਾਵ ਮੰਨਿਆ ਗਿਆ ਹੈ}। ਸਭਿ—ਸਾਰੇ। ਗਤਿ—ਹਾਲਤ। ਤੇਰੀ ਗਤਿ—ਤੂੰ ਕਿਹੋ ਜਿਹਾ ਹੈਂ—ਇਹ ਗੱਲ। ਅਵਿਗਤਿ—ਜਾਣਨ ਤੋਂ ਪਰੇ।3।

ਵੇਚਾਰਾ—ਗਰੀਬ। ਏਕਸੈ—ਇਕੋ ਪ੍ਰਭੂ ਨੂੰ। ਸਿਰੁ ਨਾਨਕ—ਨਾਨਕ ਦਾ ਸਿਰ। ਲੋਕਾ ਪਾਵ—(ਉਹਨਾਂ ਸਿਫ਼ਤਿ-ਸਾਲਾਹ ਕਰਨ ਵਾਲੇ) ਲੋਕਾਂ ਦੇ ਪੈਰਾਂ ਉਤੇ। ਜੇਤੇ—ਜਿਤਨੇ ਭੀ।4।

ਅਰਥ:- ਹੇ ਪ੍ਰਕਾਸ਼-ਰੂਪ ਪ੍ਰਭੂ! ਮੈਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਸਿਮਰਦਾ ਹਾਂ। ਹੇ ਜਗਤ ਦੇ ਜੀਵਨ ਪ੍ਰਭੂ! ਤੇਰੇ ਮਿਲਾਪ ਦੀ ਜੁਗਤੀ (ਤੇਰੇ ਦਾਸਾਂ ਤੋਂ ਬਿਨਾ) ਕਿਸੇ ਹੋਰ ਥਾਂ ਤੋਂ ਨਹੀਂ ਮਿਲ ਸਕਦੀ।1। ਰਹਾਉ।

ਹੇ ਪ੍ਰਭੂ! ਜੇਹੜੇ ਬੰਦੇ ਤੇਰੇ ਪਿਆਰ-ਰੰਗ ਵਿਚ ਰੰਗੇ ਜਾਂਦੇ ਹਨ, ਜੇਹੜੇ ਤੈਨੂੰ ਸਿਮਰਦੇ ਹਨ, ਉਹ ਤੇਰੇ ਮਿਲਾਪ ਦੀ ਖ਼ੁਸ਼ੀ ਵਿਚ ਰਹਿੰਦੇ ਹਨ, ਉਹਨਾਂ ਵਾਸਤੇ (ਇਹ ਮਨੁੱਖਾ ਜਨਮ, ਮਾਨੋ, ਬਸੰਤ ਦੀ) ਰੁੱਤ ਆਈ ਹੋਈ ਹੈ, ਉਹ (ਮਨੁੱਖਾ ਜਨਮ ਵਾਲੀ) ਇਸ ਰੁੱਤ ਵਿਚ ਸਦਾ ਖਿੜੇ ਰਹਿੰਦੇ ਹਨ। (ਲੋਕ ਬਸੰਤ ਰੁੱਤੇ ਖਿੜੇ ਹੋਏ ਫੁੱਲ ਲੈ ਕੇ ਕਈ ਦੇਵੀ ਦੇਵਤਿਆਂ ਦੀ ਭੇਟ ਚੜ੍ਹਾ ਕੇ ਪੂਜਾ ਕਰਦੇ ਹਨ। ਪਰ ਮੈਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਸਿਮਰਦਾ ਹਾਂ, ਤੇਥੋਂ ਬਿਨਾ) ਮੈਂ ਹੋਰ ਕਿਸ ਦੀ ਪੂਜਾ ਵਾਸਤੇ (ਫੁੱਲ) ਭੇਟਾ ਕਰਾਂ? (ਤੈਥੋਂ ਬਿਨਾ) ਮੈਂ ਹੋਰ ਕਿਸ ਦੀ ਚਰਨੀਂ ਲੱਗਾ?।2।

ਹੇ ਪ੍ਰਭੂ! ਤੇਰੀ ਹਸਤੀ ਇੱਕ ਹੈ, ਤੇਰੇ ਰੂਪ ਅਨੇਕਾਂ ਹਨ। ਤੈਨੂੰ ਛੱਡ ਕੇ ਮੈਂ ਹੋਰ ਕਿਸ ਨੂੰ ਧੂਪ ਦਿਆਂ? ਤੈਨੂੰ ਛੱਡ ਕੇ ਮੈਂ ਹੋਰ ਕਿਸ ਦੀ ਪੂਜਾ ਵਾਸਤੇ (ਫੁੱਲ ਆਦਿਕ) ਭੇਟਾ ਧਰਾਂ? ਹੇ ਪ੍ਰਭੂ! ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ। ਹੇ ਪ੍ਰਕਾਸ਼-ਰੂਪ ਪ੍ਰਭੂ! ਮੈਂ ਤਾਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਹੀ ਸਿਮਰਦਾ ਹਾਂ।2।

ਹੇ ਪਰਮੇਸ਼ਰ! ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਮੇਰੇ ਵਾਸਤੇ ਤੇਰੇ ਸੱਠ ਸਾਲ (ਬ੍ਰਹਮਾ ਸ਼ਿਵ ਵਿਸ਼ਨੂੰ ਦੀਆਂ ਬੀਸੀਆਂ) ਹਨ ਤੇ ਸਾਰੇ ਤੀਰਥ ਹਨ। ਤੂੰ ਕਿਹੋ ਜਿਹਾ ਹੈਂ—ਇਹ ਗੱਲ ਸਮਝੀ ਨਹੀਂ ਜਾ ਸਕਦੀ, ਜਾਣੀ ਨਹੀਂ ਜਾ ਸਕਦੀ। ਇਹ ਸਮਝਣ ਦਾ ਜਤਨ ਕਰਨ ਤੋਂ ਬਿਨਾ ਹੀ (ਤੇਰੇ ਦਾਸਾਂ ਦਾ ਦਾਸ ਬਣ ਕੇ) ਤੇਰਾ ਨਾਮ ਸਿਮਰਨਾ

ਚਾਹੀਦਾ ਹੈ।3।

(ਨਿਰਾ ਮੈਂ ਨਾਨਕ ਹੀ ਨਹੀਂ ਆਖ ਰਿਹਾ ਕਿ ਤੂੰ ਬੇਅੰਤ ਹੈਂ) ਗ਼ਰੀਬ ਨਾਨਕ ਕੀਹ ਆਖ ਸਕਦਾ ਹੈ? ਸਾਰਾ ਸੰਸਾਰ ਹੀ ਤੈਨੂੰ ਇੱਕ ਨੂੰ ਸਲਾਹ ਰਿਹਾ ਹੈ (ਤੇਰੀਆਂ ਸਿਫ਼ਤਾਂ ਕਰ ਰਿਹਾ ਹੈ)। ਹੇ ਪ੍ਰਭੂ! ਜੇਹੜੇ ਬੰਦੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਮੈਂ ਨਾਨਕ ਦਾ ਸਿਰ ਉਹਨਾਂ ਦੇ ਕਦਮਾਂ ਤੇ ਹੈ। ਹੇ ਪ੍ਰਭੂ! ਜਿਤਨੇ ਭੀ ਤੇਰੇ ਨਾਮ ਹਨ ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ (ਤੇਰੇ ਇਹ ਬੇਅੰਤ ਨਾਮ ਤੇਰੇ ਬੇਅੰਤ ਗੁਣਾਂ ਨੂੰ ਵੇਖ ਵੇਖ ਕੇ ਤੇਰੇ ਬੰਦਿਆਂ ਨੇ ਬਣਾਏ ਹਨ)।4।2।